# ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਨਮਾਨ ਕਰ ਰਹੀ ਹੈ ਪੰਜਾਬ ਸਰਕਾਰ: ਡਾ. ਬਲਬੀਰ ਸਿੰਘ

### ਸਿਹਤ ਮੰਤਰੀ ਨੇ ਤੀਰਥ ਯਾਤਰਾ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 31 ਮਈ:ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦਿਹਾਤੀ ਦੇ ਵਾਰਡ ਨੰਬਰ 4, ਸਿੱਧੂ ਕਲੋਨੀ ਅਤੇ ਮਨਜੀਤ ਨਗਰ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਅਤੇ ਸ਼ਰਧਾਲੂ ਹਾਜ਼ਰ ਸਨ, ਜਿਨ੍ਹਾਂ ਵਿੱਚ ਯੋਜਨਾ ਪ੍ਰਤੀ ਖਾਸਾ ਉਤਸ਼ਾਹ ਵੇਖਣ ਨੂੰ ਮਿਲਿਆ।

ਇਸ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕ-ਭਲਾਈ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਨਮਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਪੰਜਾਬ ਦੇ ਹਜ਼ਾਰਾਂ ਸ਼ਰਧਾਲੂਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਮਿਲ ਰਿਹਾ ਹੈ। ਇਸ ਯੋਜਨਾ ਅਧੀਨ ਅੱਜ ਰਵਾਨਾ ਹੋਈ ਬੱਸ ਵਿੱਚ ਸ਼ਾਮਲ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਰ ਅਤੇ ਹੋਰ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨਗੇ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਦਾ ਲਾਭ ਖ਼ਾਸ ਤੌਰ ’ਤੇ ਉਨ੍ਹਾਂ ਲੋਕਾਂ ਨੂੰ ਮਿਲ ਰਿਹਾ ਹੈ ਜੋ ਆਰਥਿਕ ਜਾਂ ਹੋਰ ਕਾਰਨਾਂ ਕਰਕੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ।

ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਲੋਕ-ਭਲਾਈ ਸਕੀਮ ਲੋਕਾਂ ਵਿੱਚ ਕਾਫ਼ੀ ਹਰਮਨਪਿਆਰੀ ਸਾਬਤ ਹੋ ਰਹੀ ਹੈ ਅਤੇ ਇਲਾਕਾ ਵਾਸੀਆਂ ਵੱਲੋਂ ਇਸ ਨੂੰ ਭਰਵਾਂ ਸਹਿਯੋਗ ਅਤੇ ਸ਼ਲਾਘਾ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਭਾਵਨਾਵਾਂ ਅਤੇ ਉਮੀਦਾਂ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਅਜਿਹੀਆਂ ਹੋਰ ਭਲਾਈ ਯੋਜਨਾਵਾਂ ਵੀ ਲਗਾਤਾਰ ਲਾਗੂ ਕਰ ਰਹੀ ਹੈ।

ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਯੋਜਨਾ ਕਾਰਨ ਉਨ੍ਹਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਸਮਾਜ ਦੇ ਹਰ ਵਰਗ ਲਈ ਲਾਭਦਾਇਕ ਸਾਬਤ ਹੋ ਰਹੀ ਹੈ।

ਇਸ ਮੌਕੇ ਵਾਰਡ ਨੰਬਰ 4 ਤੋਂ ਐਮ.ਸੀ. ਮਨਦੀਪ ਸਿੰਘ ਵਿਰਦੀ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਸਨ। ਉਨ੍ਹਾਂ ਨੇ ਵੀ ਇਸ ਲੋਕ-ਹਿਤੈਸ਼ੀ ਯੋਜਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੋ ਕੇ ਕੰਮ ਕਰ ਰਹੀ ਹੈ ਅਤੇ ਅਜਿਹੀਆਂ ਸਕੀਮਾਂ ਲੋਕਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆ ਰਹੀਆਂ ਹਨ।

ਸਮਾਗਮ ਦੌਰਾਨ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਡਾ. ਬਲਬੀਰ ਸਿੰਘ ਨੇ ਉਨ੍ਹਾਂ ਦੀ ਸੁਖਦ ਅਤੇ ਸੁਰੱਖਿਅਤ ਯਾਤਰਾ ਦੀ ਕਾਮਨਾ ਕੀਤੀ ਅਤੇ ਕਿਹਾ ਕਿ ਸਰਕਾਰ ਵੱਲੋਂ ਯਾਤਰਾ ਦੌਰਾਨ ਹਰ ਲੋੜੀਂਦੀ ਸਹੂਲਤ ਯਕੀਨੀ ਬਣਾਈ ਗਈ ਹੈ।

## ਸਾਹਿਤ ਵਿਗਿਆਨ ਕੇਂਦਰ ਦਾ ਮਹੀਨੇਵਾਰ ਕਵੀ ਦਰਬਾਰ

ਵਰਲਡ ਪੰਜਾਬੀ ਟਾਈਮਜ਼




ਮੁਹਾਲੀ 31 ਮਈ : ਸਾਹਿਤ ਵਿਗਿਆਨ ਕੇਂਦਰ ਦੀ ਮਾਸਿਕ ਇਕੱਤਰਤਾ ਰੋਟਰੀ ਕਲੱਬ ਸੈਕਟਰ 70 ਮੁਹਾਲੀ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਸ਼੍ਰੋਮਣੀ ਪੱਤਰਕਾਰ ਕਮਲਜੀਤ ਸਿੰਘ ਬਨਵੈਤ ਜੀ ਵੱਲੋਂ ਕੀਤੀ ਗਈ। ਪ੍ਰਧਾਨਗੀ ਮੰਡਲ ਵਿੱਚ ਪ੍ਰਸਿੱਧ ਸ਼ਾਇਰਾ ਪਰਮਜੀਤ ਕੌਰ ਪਰਮ,ਡਾ. ਅਵਤਾਰ ਸਿੰਘ ਪਤੰਗ, ਗੁਰਦਰਸ਼ਨ ਸਿੰਘ ਮਾਵੀ ਅਤੇ ਦਵਿੰਦਰ ਕੌਰ ਢਿੱਲੋਂ ਸ਼ਾਮਲ ਸਨ। ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਅੱਜ ਦੇ ਸਮਾਗਮ ਦੀ ਰੂਪ-ਰੇਖਾ ਬਾਰੇ ਅਤੇ ਨਵੇਂ ਉਲੀਕੇ ਪ੍ਰੋਗਰਾਮਾਂ ਬਾਰੇ ਚਾਨਣਾ ਪਾਇਆ ਤੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ । ਕਵੀ ਦਰਬਾਰ ਦਾ ਆਗਾਜ਼ ਰਾਜਵਿੰਦਰ ਸਿੰਘ ਗੱਡੂ ਦੁਆਰਾ ਗਰਮੀਆਂ ਦੀਆਂ ਛੁੱਟੀਆਂ ਨਾਲ ਸਬੰਧਤ ਰਚਨਾ ਨਾਲ ਹੋਇਆ ।

ਡਾ. ਅਨਿਲ ਬਹਿਲ,ਸੁਮਨ ਰਾਣੀ,ਪ੍ਰਤਾਪ ਪਾਰਸ, ਸੁਰਿੰਦਰ ਕੁਮਾਰ ਅਤੇ ਗੁਰਿੰਦਰ ਗੌਰੀ ਨੇ ਧੀਆਂ ਨੂੰ ਸਮਰਪਿਤ ਰਚਨਾਵਾਂ ਪੇਸ਼ ਕੀਤੀਆਂ । ਸੁਰਜੀਤ ਸਿੰਘ ਧੀਰ ਅਤੇ ਸ਼ਰਨਜੀਤ ਨਯੀਅਰ ਨੇ ਸ਼ਿਵ ਕੁਮਾਰ ਬਟਾਲਵੀ ਦੀਆਂ ਰਚਨਾਵਾਂ ਤਰੰਨਮ ਵਿੱਚ ਸੁਣਾਈਆਂ। ਬਲਵਿੰਦਰ ਢਿੱਲੋਂ ਨੇ ਹੀਰ ਵਾਰਿਸ ਸ਼ਾਹ ਅਤੇ ਮਲਕੀਤ ਨਾਗਰਾ ਨੇ ਬੰਦਾ ਸਿੰਘ ਬਹਾਦਰ ਦੀ ਵਾਰ ਬਹੁਤ ਬੁਲੰਦ ਅਵਾਜ਼ ਨਾਲ ਸਰੋਤਿਆਂ ਦੇ ਸਨਮੁੱਖ ਕੀਤੀ ।ਸੁਦਰਸ਼ਨ ਕੌਰ ਮਝੈਲ ਅਤੇ ਲਾਭ ਸਿੰਘ ਲਹਿਲੀ ਨੇ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨਾਲ ਸਬੰਧਿਤ ਰਚਨਾਵਾਂ ਸਭ ਦੀ ਨਜ਼ਰ ਕੀਤੀਆਂ ।ਮੰਦਰ ਗਿੱਲ ,ਡਾ.



ਰੁਪਿੰਦਰ ਕੌਰ,ਮਨਦੀਪ ਕੌਰ ਸੋਹਲ ਅਤੇ ਸੁਖਦੇਵ ਸਿੰਘ ਕਾਹਲੋਂ ਨੇ ਪੰਜਾਬ ਅਤੇ ਕਿਸਾਨਾਂ ਦਾ ਦਰਦ ਬਿਆਨ ਕਰਦੀਆਂ ਨਜ਼ਮਾਂ ਨਾਲ ਹਾਜ਼ਰੀ ਲਵਾਈ ।ਨਰਿੰਦਰ ਕੌਰ ਲੌਂਗੀਆ ਨੇ ਆਪਣੀ ਕਵਿਤਾ ਰਾਹੀਂ ਪਿੰਡਾਂ ਦੇ ਪੁਰਾਣੇ ਸਮਿਆਂ ਦੀ ਯਾਦ ਤਾਜ਼ਾ ਕਰਵਾ ਦਿੱਤੀ ।ਰਤਨ ਬਾਬਕ ਵਾਲਾ ਅਤੇ ਬਾਬੂ ਰਾਮ ਦੀਵਾਨਾ ਨੇ ਆਪਣੀਆਂ ਰਚਨਾਵਾਂ ਵਿੱਚ ਪਰਦੇਸ ਗਏ ਬੱਚਿਆ ਅਤੇ ਮਾਪਿਆਂ ਦਾ ਦਰਦ ਬਿਆਨ ਕੀਤਾ। ਦਰਸ਼ਨ ਤਿਉਣਾ, ਚਰਨਜੀਤ ਕਲੇਰ,ਹਰਜੀਤ ਸਿੰਘ,ਅਵਨੀਤ ਕੌਰ ਅਤੇ ਸਰਬਜੀਤ ਸਿੰਘ ਪੱਡਾ ਨੇ ਬਹੁਤ ਹੀ ਖ਼ੂਬਸੂਰਤ ਗੀਤ ਸੁਣਾ ਕੇ ਵਾਹ ਵਾਹ ਖੱਟੀ। ਡਾ. ਸਤਿੰਦਰ ਸਿੰਘ ਬੇਦੀ ਅਤੇ ਜਯਾ ਸੂਦ ਨੇ ਜ਼ਿੰਦਗੀ ਦੇ ਵੱਖ ਵੱਖ ਰੰਗਾਂ ਨਾਲ ਸਬੰਧਤ ਕਵਿਤਾਵਾਂ ਪੇਸ਼ ਕੀਤੀਆਂ । ਜੋਗਾ ਸਿੰਘ ਨੇ ਸੁਰਜੀਤ ਪਾਤਰ ਜੀ ਦੀ ਰਚਨਾ ਅਤੇ ਪਰਮਜੀਤ ਸਿੰਘ ਨੇ ਇੱਕ ਧਾਰਮਿਕ ਗੀਤ ਨਾਲ ਹਾਜ਼ਰੀ ਲਵਾਈ।

ਪਿਆਰਾ ਸਿੰਘ ਰਾਹੀ,ਸੁਖਵਿੰਦਰ ਰਫ਼ੀਕ ਅਤੇ ਭਰਪੂਰ ਸਿੰਘ ਨੇ ਸਮਾਜਕ ਸਰੋਕਾਰਾਂ ਨਾਲ ਸਬੰਧਤ ਕਵਿਤਾਵਾਂ ਅਤੇ ਜੀਤੂ ਬੇਦੀ ਨੇ ਇੱਕ ਗੀਤ ਨਾਲ ਹਾਜ਼ਰੀ ਲਵਾਈ ।ਪ੍ਰਧਾਨਗੀ ਕਰ ਰਹੇ ਕਮਲਜੀਤ ਸਿੰਘ ਬਨਵੈਤ ਜੀ ਨੇ ਆਖਿਆ ਕਿ ਦਿਲ ਦੀ ਗੱਲ ਕਹਿਣ ਲਈ ਕਵਿਤਾ ਤੋਂ ਵਧੀਆ ਕੋਈ ਹੋਰ ਜ਼ਰੀਆ ਨਹੀਂ ਹੋ ਸਕਦਾ। ਇਸ ਤੋਂ ਇਲਾਵਾ ਆਪਣੇ ਪੱਤਰਕਾਰੀ ਅਤੇ ਕਿਤਾਬਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬੀ ਬੋਲੀ ਨੂੰ ਪ੍ਰਫੁੱਲਤ ਕਰਨ ਵਿੱਚ ਸਾਹਿਤ ਸਭਾਵਾਂ ਦਾ ਬੜਾ ਵੱਡਾ ਯੋਗਦਾਨ ਹੈ। ਪਰਮਜੀਤ ਕੌਰ ਪਰਮ ਨੇ ਆਪਣੇ ਪਸੰਦੀਦਾ ਸ਼ੇਅਰ ਸਭ ਦੀ ਨਜ਼ਰ ਕੀਤੇ। ਡਾ. ਅਵਤਾਰ ਸਿੰਘ ਪਤੰਗ ਨੇ ਕਿਹਾ ਕਿ ਇਸ ਕੇਂਦਰ ਦੀ ਖਾਸੀਅਤ ਹੈ ਕਿ ਹਰ ਕਵੀ ਨੂੰ ਆਪਣੀ ਗੱਲ ਕਹਿਣ ਦਾ ਮੌਕਾ ਮਿਲਦਾ ਹੈ ਅਤੇ ਕਿਹਾ ਕਿ ਸਾਹਿਤਕਾਰ ਕੋਈ ਸਧਾਰਨ ਮਨੁੱਖ ਨਹੀਂ ਹੁੰਦੇ,ਉਹ ਸਮਾਜ ਦਾ ਖਾਸ ਹਿੱਸਾ ਹੁੰਦੇ ਹਨ। ਸਟੇਜ ਸੰਚਾਲਨ ਦਵਿੰਦਰ ਕੌਰ ਢਿੱਲੋਂ ਨੇ ਬਾਖ਼ੂਬੀ ਨਿਭਾਇਆ । ਅੰਸ਼ੁਕਰ ਮਹੇਸ਼,ਸੁਧੀਰ ਕੁਮਾਰ,ਤਿਲਕ ਸੇਠੀ ਅਤੇ ਡਾ. ਮਨਜੀਤ ਸਿੰਘ ਮਝੈਲ ਨੇ ਹਿੰਦੀ ਸ਼ੇਅਰਾਂ ਨਾਲ ਹਾਜ਼ਰੀ ਲਵਾਈ । ਇਸ ਤੋਂ ਇਲਾਵਾ ਡਾ. ਜਤਿੰਦਰ ਅਰੋੜਾ,ਗੀਤਕਾਰ ਬਲਜੀਤ ਫਿੱਡਿਆਂ ਵਾਲਾ,ਕੁਲਵਿੰਦਰ ਕੌਰ,ਵੈਸ਼ਾਲੀ,ਨਰਿੰਦਰ ਸਿੰਘ ਦੌੜਕਾ ਅਤੇ ਅਤਰ ਸਿੰਘ ਨੇ ਵੀ ਇਸ ਸਮਾਗਮ ਵਿੱਚ ਸ਼ਮੂਲੀਅਤ ਕੀਤੀ।

## 12ਵੀਂ ਵਰਲਡ ਪੰਜਾਬੀ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਕਾਮਯਾਬ ਰਹੀ

### ਕੈਨੇਡਾ ’ਚ 28 ਜੂਨ ਨੂੰ ਮਨਾਇਆ ਜਾਏਗਾ ਫਾਦਰ ਡੇਅ

ਵਰਲਡ ਪੰਜਾਬੀ ਟਾਈਮਜ਼
ਹਰਦੇਵ ਚੌਹਾਨ

ਚੰਡੀਗੜ੍ਹ, 31 ਮਈ : ਉਨਟਾਰੀਓ ਫਰੈਂਡ ਕਲੱਬ ਅਤੇ ਜਗਤ ਪੰਜਾਬੀ ਸਭਾ ਵੱਲੋਂ 28 ਜੂਨ 2026, ਐਤਵਾਰ ਨੂੰ ਸਤਿਕਾਰ ਬੈਂਕੁਐਟ ਹਾਲ ਵਿਖੇ ਫਾਦਰ ਡੇਅ ਮਨਾਉਣ ਅਤੇ 12ਵੀਂ ਵਰਲਡ ਪੰਜਾਬੀ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਸਰਦੂਲ ਸਿੰਘ ਥਿਆੜਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦਾ ਸੰਚਾਲਨ ਚੇਅਰਮੈਨ ਅਜੈਬ ਸਿੰਘ ਚੱਠਾ ਨੇ ਕੀਤਾ।

ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਫਾਦਰ ਡੇਅ ਸਮਾਗਮ ਮੌਕੇ ਸਮਾਜ ਦੇ ਦਸ ਪ੍ਰਮੁੱਖ ਪਿਤਾਵਾਂ ਨੂੰ ਉਨ੍ਹਾਂ ਦੀਆਂ ਪਰਿਵਾਰਕ, ਸਮਾਜਿਕ ਅਤੇ ਭਾਈਚਾਰਕ ਸੇਵਾਵਾਂ ਲਈ ਸਨਮਾਨਿਤ ਕੀਤਾ ਜਾਵੇਗਾ। ਇਸ ਦੇ ਨਾਲ ਹੀ 12ਵੀਂ ਵਰਲਡ ਪੰਜਾਬੀ ਕਾਨਫਰੰਸ ਦੀਆਂ ਤਿਆਰੀਆਂ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ ਗਿਆ ਅਤੇ ਇਸ ਨੂੰ ਹੋਰ ਵੀ ਪ੍ਰਭਾਵਸ਼ਾਲੀ ਅਤੇ ਯਾਦਗਾਰ ਬਣਾਉਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ।
ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਫਾਦਰ ਡੇ ਅਤੇ ਵਰਲਡ ਪੰਜਾਬੀ ਕਾਨਫਰੰਸ ਨੂੰ ਕਾਮਯਾਬ ਬਣਾਉਣ ਲਈ ਆਪਣੇ ਕੀਮਤੀ ਸੁਝਾਅ ਅਤੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਉੱਘੇ ਲੇਖਕ ਅਤੇ ਸਮਾਜ ਸੇਵੀ ਤਾਹਿਰ ਅਸਲਮ ਗੋਰਾ ਅਤੇ ਹਲੀਮਾ ਸਦੀਆ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਵੀ ਕੀਤਾ ਗਿਆ।





ਮੀਟਿੰਗ ਵਿੱਚ ਕਾਨਫਰੰਸ ਦੇ ਮੁੱਖ ਸਲਾਹਕਾਰ ਭੁਪਿੰਦਰ ਸਿੰਘ ਬਾਜਵਾ, ਓ.ਐਫ.ਸੀ. ਦੇ ਪ੍ਰਧਾਨ ਸੰਤੋਖ ਸਿੰਘ ਸੰਧੂ, ਪਿਆਰਾ ਸਿੰਘ ਕਦੋਵਾਲ, ਗੁਰਚਰਨ ਸਿੰਘ, ਹੈਪੀ ਮਾਂਗਟ, ਰੁਪਿੰਦਰ ਕੌਰ ਸੰਧੂ, ਬਲਵਿੰਦਰ ਕੌਰ ਚੱਠਾ, ਤ੍ਰਿਪਤਾ ਸੋਢੀ, ਤਰਲੋਕ ਸਿੰਘ ਕਾਹਲੋਂ, ਰਛਪਾਲ ਸਿੰਘ ਕੁਨਰ, ਤਜਿੰਦਰ ਸਿੰਘ ਚੀਮਾ, ਗੁਰਦਰਸ਼ਨ ਸਿੰਘ ਸੀਰਾ, ਗੁਰਵੇਲ ਸਿੰਘ, ਢਿੱਲੋਂ ਸਾਹਿਬ, ਸਹਿਜ ਕੌਰ ਮਾਂਗਟ, ਮਨਦੀਪ ਕੌਰ ਮਾਂਗਟ, ਦਵਿੰਦਰ ਸਿੰਘ ਲੱਧੜ, ਅਜੀਤ ਸਿੰਘ ਭੱਲ, ਇਫ਼ਤਿਖਾਰ ਚੌਧਰੀ ਸਮੇਤ ਕਈ ਹੋਰ ਮੈਂਬਰ ਹਾਜ਼ਰ ਸਨ।

ਸਭ ਹਾਜ਼ਰੀਨਾਂ ਨੇ ਏਕਤਾ, ਸਹਿਯੋਗ ਅਤੇ ਸਮਰਪਣ ਦੀ ਭਾਵਨਾ ਨਾਲ ਸਮਾਗਮਾਂ ਨੂੰ ਸਫਲ ਬਣਾਉਣ ਦਾ ਸੰਕਲਪ ਦੁਹਰਾਇਆ। ਮੀਟਿੰਗ ਬਹੁਤ ਹੀ ਸਾਰਥਕ, ਉਸਾਰੂ ਅਤੇ ਕਾਮਯਾਬ ਰਹੀ, ਜਿਸ ਨਾਲ ਫਾਦਰ ਡੇ ਸਮਾਗਮ ਅਤੇ 12ਵੀਂ ਵਰਲਡ ਪੰਜਾਬੀ ਕਾਨਫਰੰਸ ਦੀਆਂ ਤਿਆਰੀਆਂ ਨੂੰ ਨਵਾਂ ਉਤਸ਼ਾਹ ਅਤੇ ਦਿਸ਼ਾ ਮਿਲੀ।

## ਭਾਜਪਾ ਦੀ ਤਾਨਾਸ਼ਾਹੀ ਨੂੰ ਠੱਲ੍ਹ ਪਾਉਣ ਅਤੇ ਦੇਸ਼ ਦੇ ਫੈਡਰਲ ਢਾਂਚੇ ਦੀ ਰਾਖੀ ਲਈ ਸਮੂਹ ਲੋਕਾਂ ਦਾ ਏਕਾ ਸਮੇਂ ਦੀ ਮੁੱਖ ਲੋੜ ਕਾਮਰੇਡ ਬੰਤ ਸਿੰਘ ਬਰਾੜ

### ਕਾਰਪੋਰੇਟ ਪੱਖੀ ਨੀਤੀਆਂ ਦਾ ਹੁਕਮਰਾਨ ਸਰਕਾਰਾਂ ਤੁਰੰਤ ਤਿਆਗ ਕਰਨਾ ਅਤੇ ਪੰਜਾਬ ਦੇ ਬੁਨਿਆਦੀ ਮਸਲੇ ਮੋਦੀ ਸਰਕਾਰ ਵੱਲੋਂ ਤੁਰੰਤ ਹੱਲ ਕੀਤੇ ਜਾਣ- ਹਰਦੇਵ ਅਰਸ਼ੀ।

### ਸੀ ਪੀ ਆਈ ਜ਼ਿਲ੍ਹਾ ਫਰੀਦਕੋਟ ਵੱਲੋਂ ਜ਼ਿਲ੍ਹਾ ਪੱਧਰ ਦੀ ਸਫਲ ਕਨਵੈਨਸ਼ਨ ਤੋਂ ਬਾਅਦ ਸ਼ਹਿਰ ਵਿੱਚ ਕੀਤਾ ਗਿਆ ਰੋਸ ਮਾਰਚ

### ਪਿੰਡ ਔਲ਼ਖ ਵਿਖੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਅਤੇ ਛੇ ਸਾਥੀਆਂ ਦਾ 35ਵਾਂ ਬਰਸੀ ਸਮਾਗਮ 7 ਜੂਨ ਨੂੰ

ਵਰਲਡ ਪੰਜਾਬੀ ਟਾਈਮਜ਼
ਸ਼ਿਵਨਾਥ

ਫ਼ਰੀਦਕੋਟ 31 ਮਈ : ” ਕੇਂਦਰੀ ਹੁਕਮਰਾਨ ਮੋਦੀ ਸਰਕਾਰ ਨੇ ਈ ਡੀ , ਸੀ ਬੀ ਆਈ, ਹੋਰ ਜਾਂਚ ਏਜੰਸੀਆਂ ਅਤੇ ਭਾਰਤੀ ਚੋਣ ਕਮਿਸ਼ਨ ਦੀ ਦੁਰਵਰਤੋਂ ਕਰਕੇ ਜਿਸ ਤਰ੍ਹਾਂ ਦੇਸ਼ ਦੇ ਸੰਵਿਧਾਨ ਨਾਲ ਖਿਲਵਾੜ ਕਰਕੇ ਤਾਨਾਸ਼ਾਹੀ ਰਾਜ ਸਥਾਪਿਤ ਕੀਤਾ ਜਾ ਰਿਹਾ ਹੈ, ਉਹ ਸਾਰੇ ਦੇਸ਼ ਵਾਸੀਆਂ ਲਈ ਬਹੁਤ ਵੱਡੀ ਚੁਣੌਤੀ ਹੈ ” ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਪਾਰਟੀ ਦੇ ਸਾਬਕਾ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਵੱਲੋਂ ਅੱਜ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਭਵਨ ਵਿਖੇ ਪਾਰਟੀ ਦੀ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਨੂੰ ਸੰਬੋਧਨ ਕਰਦੇ ਹੋਏ ਕੀਤਾ ਗਿਆ। ਕਨਵੈਨਸ਼ਨ ਨੂੰ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਕਾਰਪਰੇਟ ਸੈਕਟਰ ਦੇ ਦਬਾਅ ਹੇਠ ਪਿਛਲੇ 12 ਸਾਲਾਂ ਦੇ ਰਾਜ ਦੌਰਾਨ ਬੇਰੁਜ਼ਗਾਰੀ ਅਤੇ ਮਹਿੰਗਾਈ ਵਿੱਚ ਰਿਕਾਰਡ ਤੋੜ ਵਾਧਾ ਕੀਤਾ ਹੈ ਜਿਸ ਕਰਕੇ ਮਜ਼ਦੂਰਾਂ ਅਤੇ ਛੋਟੇ ਕਾਰੋਬਾਰ ਕਰਕੇ ਜੀਵਨ ਬਸ਼ਰ ਕਰਨ ਵਾਲੇ ਲੋਕਾਂ ਨੂੰ ਘਰਾਂ ਦਾ ਗੁਜ਼ਾਰਾ ਚਲਾਉਣਾ ਵੀ ਔਖਾ ਹੋ ਗਿਆ ਹੈ। ਲੋਕਾਂ ਵਿੱਚ ਦਿਨੋ-ਦਿਨ ਵਧ ਰਹੀ ਬੇਚੈਨੀ ਤੋਂ ਧਿਆਨ ਭਟਕਾਉਣ ਲਈ ਉਨਾਂ ਦੇ ਮਨਾਂ ਵਿੱਚ ਫਿਰਕੂ ਜ਼ਹਿਰ ਭਰਿਆ ਜਾ ਰਿਹਾ ਹੈ ਜਿਵੇਂ ਪਿਛਲੇ ਦਿਨੀ ਭਾਜਪਾ ਸ਼ਾਸਿਤ ਰਾਜਾਂ ਵਿੱਚ ਬਕਰੀਦ ਦੇ ਤਿਉਹਾਰ ਸਮੇਂ ਮੁਸਲਿਮ ਭਾਈਚਾਰੇ ਉੱਪਰ ਤਰਾਂ ਤਰਾਂ ਦੀਆਂ ਰੋਕਾਂ ਲਾਈਆਂ ਗਈਆਂ ਹਨ। ਉਹਨਾਂ ਦੋਸ਼ ਲਾਇਆ ਕਿ ਮੋਦੀ ਸਰਕਾਰ ਵੱਲੋਂ ਦੇਸ਼ ਦੇ ਸੰਘੀ ਢਾਂਚੇ ਨੂੰ ਖਤਮ ਕਰਨ ਦੀਆਂ ਕੋਝੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ । ਪੰਜਾਬ ਦੇ ਬੁਨਿਆਦੀ ਮਸਲੇ ਜਿਵੇਂ ਕਿ ਪੰਜਾਬ ਦੇ ਪਾਣੀਆਂ ਦੀ ਰਾਖੀ ਕਰਨਾ , ਪੰਜਾਬ ਰਾਜ ਵੱਲੋਂ ਹੋਰਨਾਂ ਰਾਜਾਂ ਨੂੰ ਦਿੱਤੇ ਜਾ ਰਹੇ ਪਾਣੀ ਦਾ ਮੁੱਲ ਵਸੂਲ ਨਾ ਕਰਨਾ, ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਨਾ ਦੇਣਾ , ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦਾ ਹਿੱਸਾ ਖਤਮ ਕਰ ਦਿੱਤਾ ਗਿਆ ਹੈ। ਕਨਵੈਨਸ਼ਨ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ ਨੇ ਕਿਹਾ ਕਿ ਦੇਸ਼ ਦੇ ਕਿਰਤੀ ਵਰਗ ਵੱਲੋਂ ਆਪਣੇ ਸੰਘਰਸ਼ਾਂ ਰਾਹੀਂ ਕੀਤੀਆਂ ਗਈਆਂ ਪ੍ਰਾਪਤੀਆਂ ਨੂੰ ਕਾਰਪੋਰੇਟ ਸੈਕਟਰ ਦੇ ਦਬਾਅ ਹੇਠ ਖਤਮ ਕੀਤਾ ਜਾ ਰਿਹਾ ਹੈ।






ਕਨਵੈਨਸ਼ਨ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ,ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਕਾਮਰੇਡ ਵੀਰ ਸਿੰਘ ਕੰਮੇਆਣਾ, ਗੋਰਾ ਸਿੰਘ ਪਿਪਲੀ, ਪੈਨਸ਼ਨਰ ਆਗੂ ਹਰਪਾਲ ਸਿੰਘ ਮਚਾਕੀ, ਕੁਲਵੰਤ ਸਿੰਘ ਚਾਨੀ, ਗੁਰਚਰਨ ਸਿੰਘ ਮਾਨ ਆਊਟਸੋਰਸ ਮੁਲਾਜ਼ਮ ਆਗੂ ਬਲਕਾਰ ਸਿੰਘ ਸਹੋਤਾ , ਨਰੇਗਾ ਆਗੂ ਲਵਪ੍ਰੀਤ ਕੌਰ ਪਿਪਲੀ ਨੇ ਵੀ ਸੰਬੋਧਨ ਕੀਤਾ। ਕਨਵੈਂਸ਼ਨ ਨੇ ਇੱਕ ਮਤਾ ਪਾਸ ਕਰਕੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਮਜ਼ਦੂਰਾਂ ਦੀ ਘੱਟ ਤੋਂ ਘੱਟ ਉਜਰਤ ਵਿੱਚ ਵਾਧਾ ਕਰਦੇ ਹੋਏ ਤੀਹ ਹਜ਼ਾਰ ਰੁਪਏ ਮਹੀਨਾ ਉਜਰਤ ਲਾਗੂ ਕੀਤੀ ਜਾਵੇ , ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ , ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਹਾਈਕੋਰਟ ਦੇ ਹੁਕਮਾਂ ਨੂੰ ਲਾਗੂ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਕੇਂਦਰੀ ਪੈਟਰਨ ਤੇ ਮਹਿੰਗਾਈ ਭੱਤਾ 60 ਫੀਸਦੀ ਕੀਤਾ ਜਾਵੇ ਅਤੇ ਮਾਣਯੋਗ ਅਦਾਲਤ ਨੂੰ ਗੁਮਰਾਹ ਨਾ ਕੀਤਾ ਜਾਵੇ।ਇਸ ਤੋਂ ਇਲਾਵਾ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੁਰਾਣੀ ਮਨਰੇਗਾ ਸਕੀਮ ਬਹਾਲ ਕੀਤੀ ਜਾਵੇ ਅਤੇ ਮਹਿੰਗਾਈ ਨੂੰ ਕੰਟਰੋਲ ਕੀਤਾ ਜਾਵੇ। ਦਿਨੋ ਦਿਨ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕੀਤਾ ਗਿਆ ਵਾਧਾ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ। ਇਸ ਸਮੇਂ ਸਵ . ਕਾਮਰੇਡ ਸਮਿੱਤਰ ਸਿੰਘ ਬਰਾੜ ਵਾਸੀ ਪਿੰਡ ਲੰਡੇ ਦੀ ਯਾਦ ਵਿੱਚ ਪਰਿਵਾਰ ਦੇ ਮੈਂਬਰ ਪੈਨਸ਼ਨਰ ਆਗੂ ਪ੍ਰਦੀਪ ਸਿੰਘ ਬਰਾੜ ਅਤੇ ਪ੍ਰਿੰਸੀਪਲ ਗੁਰਦੀਪ ਕੌਰ ਬਰਾੜ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਐਲਾਨ ਕੀਤਾ ਗਿਆ ਕਿ ਹਰ ਸਾਲ ਵਾਂਗ 7 ਜੂਨ ਨੂੰ ਸ਼ਹੀਦ ਕਾਮਰੇਡ ਅਮੋਲਕ ਸਿੰਘ ਅਤੇ ਉਸਦੇ ਛੇ ਸਾਥੀਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ 35ਵਾਂ ਬਰਸੀ ਸਮਾਗਮ ਪਿੰਡ ਔਲਖ ਵਿਖੇ ਇਨਕਲਾਬੀ ਜੋਸ਼ ਨਾਲ ਮਨਾਇਆ ਜਾ ਰਿਹਾ ਹੈ। ਕਨਵੈਨਸ਼ਨ ਤੋਂ ਬਾਅਦ ਹੁਕਮਰਾਨ ਸਰਕਾਰਾਂ ਦੀਆਂ ਗਰੀਬ ਵਿਰੋਧੀ ਅਤੇ ਮਹਿੰਗਾਈ ਵਧਾਉਣ ਵਾਲੀਆਂ ਨੀਤੀਆਂ ਖਿਲਾਫ਼ ਅਤੇ ਪੰਜਾਬ ਦੇ ਬੁਨਿਆਦੀ ਮਸਲੇ ਹੱਲ ਕਰਵਾਉਣ ਵਾਸਤੇ ਜ਼ੋਰਦਾਰ ਨਾਹਰੇਬਾਜ਼ੀ ਕਰਕੇਵਰੋਸ ਮਾਰਚ ਕੀਤਾ ਗਿਆ ਜੋ ਕਿ ਵੱਖ-ਵੱਖ ਬਜ਼ਾਰਾਂ ਵਿੱਚੋਂ ਦੀ ਹੁੰਦਾ ਹੋਇਆ ਭਾਈ ਘਨਈਆ ਚੌਂਕ ਵਿਖੇ ਸਮਾਪਤ ਹੋਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਤਾਰ ਸਿੰਘ ਭਾਣਾ ਸਾਬਕਾ ਸਰਪੰਚ ਮੁਖਤਿਆਰ ਸਿੰਘ ਭਾਣਾ, ਗੁਰਦੀਪ ਸਿੰਘ ਦੀਪ ਸਿੰਘ ਵਾਲਾ, ਬੋਹੜ ਸਿੰਘ ਔਲ਼ਖ, ਰੇਸ਼ਮ ਸਿੰਘ ਜਟਾਣਾ , ਜਸਵੰਤ ਸਿੰਘ ਨਿੱਕਾ ਔਲਖ, ਸ਼ਿਵ ਕੁਮਾਰ ਸ਼ਰਮਾ ,ਜਗਤਾਰ ਸਿੰਘ ਪੱਪੀ ਰਾਜੋ ਵਾਲਾ, ਹਰਵਿੰਦਰ ਸ਼ਰਮਾ, ਸੋਮ ਨਾਥ ਅਰੋੜਾ, ਨਾਹਰ ਸਿੰਘ ਗਿੱਲ,ਸੁਖਦੇਵ ਸਿੰਘ ਮੱਲੀ, ਸ਼ਵਿੰਦਰ ਪਾਲ ਸਿੰਘ ਸੰਧੂ,ਕਿਸਾਨ ਆਗੂ ਜਤਿੰਦਰ ਸਿੰਘ, ਮੇਜਰ ਸਿੰਘ ਜੌਹਲ , ਇਕਬਾਲ ਸਿੰਘ ਰਣ ਸਿੰਘ ਵਾਲਾ , ਅਮਰਜੀਤ ਸਿੰਘ ਕਲੇਰ, ਜਸਵਿੰਦਰ ਸਿੰਘ ਦੀਪ ਸਿੰਘ ਵਾਲਾ , ਸਤਨਾਮ ਸਿੰਘ ਸਿਰਸੜੀ ਅਤੇ ਵੱਖ ਵੱਖ ਪਿੰਡਾਂ ਵਿੱਚੋਂ ਬਹੁਤ ਵੱਡੀ ਗਿਣਤੀ ਵਿੱਚ ਸ਼ਾਮਿਲ ਨਰੇਗਾ ਮਜ਼ਦੂਰ ਅਤੇ ਖੇਤ ਮਜ਼ਦੂਰ ਹਾਜ਼ਰ ਸਨ।

ਵਰਲਡ ਪੰਜਾਬੀ ਟਾਈਮਜ਼ 31 ਮਈ 2026 ਦਿਨ ਐਤਵਾਰ

## ਵਿੱਛੜਨ ਵੇਲੇ ਦਾ ਨਿੱਘ ਸਾਂਝਾ ਕਰਦਿਆਂ

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ



ਲਾਹੌਰ (ਪਾਕਿਸਤਾਨ) ਦੀ ਵਿਸ਼ਵ ਪੰਜਾਬੀ ਕਾਨਫਰੰਸ 2024 ਦੀ ਆਖਰੀ ਰਾਤ ਸੀ ਸਾਡੀ ਡੇਵਿਸ ਰੋਡ ਵਾਲੇ ਪਾਕ ਹੈਰੀਟੇਜ ਹੋਟਲ ਵਿੱਚ।

ਸਿਰਕੱਢ ਪੰਜਾਬੀ ਕਵੀ ਬਾਬਾ ਨਜਮੀ ਤੇ ਅਫ਼ਜ਼ਲ ਸਾਹਿਰ ਰਾਤ ਨੂੰ ਹੀ ਅਲਵਿਦਾ ਕਹਿਣ ਆ ਗਏ। ਕਹਿਣ ਲੱਗੇ, ਸਵੇਰੇ ਉੱਠਿਆਂ ਨਹੀਂ ਜਾਣਾ।
ਨਾਲੇ ਵਿੱਛੜਦੇ ਯਾਰਾਂ ਦੀ ਪਿੱਠ ਨਹੀਂ ਵੇਖੀ ਨਹੀਂ ਜਾਂਦੀ, ਭਾਵੇਂ ਸਵੇਰ ਹੀ ਕਿਉਂ ਨਾ ਹੋਵੇ।

ਅੱਧੀ ਰਾਤ ਤੀਕ ਸਾਡੇ ਕਮਰੇ ਵਿੱਚ ਮੇਲਾ ਲੱਗਾ ਰਿਹਾ। ਦੋ ਆਈ ਜਾਣ ਦੋ ਜਾਈ ਜਾਣ, ਕਿੰਨੂ ਤੇ ਅਮਰੂਦਾਂ ਦਾ ਸਦਾਵਰਤ ਲੱਗਿਆ ਰਿਹਾ। ਸਰਗੋਧੇ ਤੋਂ ਆਏ ਫ਼ਲਾਂ ਦੇ ਟੋਕਰੇ ਜ਼ਿੰਦਾਬਾਦ।

ਸਹਿਜਪ੍ਰੀਤ ਮੁੱਖ ਪ੍ਰਬੰਧਕ ਹੋਣ ਕਾਰਨ ਮੇਰੇ ਨਾਲ ਲਿਹਾਜ਼ ਪੁਰ ਗਿਆ। ਮੇਰਾ ਕਮਰਾ ਦੋਹਰਾ ਸੀ ਅੱਗੇ ਬੈਠਕ ਸੋਫਿਆਂ ਵਾਲੀ ਤੇ ਪਿੱਛੇ ਸੌਣ ਕਮਰਾ।

ਆਖਰੀ ਦਿਨ ਹੀ ਕੋਰੀਅਰ ਰਾਹੀਂ ਖੱਡੀ ਤੇ ਬੁਣੀ ਕਾਲੀ ਲੋਈ ਪਹੁੰਚੀ ਸੀ ਹੋਟਲ ਦੇ ਪੱਤੇ ਤੇ ਕੋਰੀਅਰ ਰਾਹੀਂ। ਪੂਰੇ ਅਮਰੀਕਨ ਸੌ ਡਾਲਰ ਦੀ। ਬੇਅੰਤ ਨਿੱਘੀ। ਮੇਰੀ ਇਸ ਲੋਈ ਦੀ ਬੁੱਕਲ ਵਿੱਚ ਹਮੇਸ਼ ਵਾਂਗ ਪਹਿਲਾਂ ਬਾਬਾ ਨਜਮੀ ਵੜਿਆ, ਫਿਰ ਅਫਜ਼ਲ ਸਾਹਿਰ। ਤ੍ਰੈਲੋਚਨ ਲੋਚੀ ਬੋਲਿਆ, ਲੋਈ ਦੀ ਇੱਕ ਕੰਨੀ ਮੈਨੂੰ ਵੀ ਫੜਾ ਦਿਉ, ਮੈਂ ਵੀ ਤਾਂ ਮੁਕਤਸਰੋਂ ਆਇਆਂ। ਉਹ ਵੀ ਵਿੱਚੇ ਆ ਗਿਆ। ਚਹੁੰ ਜਣਿਆਂ ਤੇ ਲਈ ਲੋਈ ਦਾ ਦ੍ਰਿਸ਼ ਅਸਾਂ ਕਿਸੇ ਨੂੰ ਬੇਨਤੀ ਕਰਕੇ ਸੰਭਾਲ ਲਿਆ।

ਇਸ ਬੁੱਕਲ ਵਿੱਚ ਵੜਨੋਂ ਪਹਿਲਾਂ ਬਾਬਾ ਨਜਮੀ ਨੇ ਆਪਣੀ ਇਹ ਗ਼ਜ਼ਲ ਸਾਨੂੰ ਸੁਣਾਈ।

ਵਾਰਸ, ਬੁੱਲ੍ਹੇ ਵਰਗੇ ਬੈਠੇ, ਹੰਸ ਵਿਸਾਰ ਪੰਜਾਬੀ ਨੇ ।
ਕਿਸਰਾਂ ਆਖਾਂ ਮਾਂ ਬੋਲੀ ਦੇ 'ਬਰਖ਼ੁਦਾਰ' ਪੰਜਾਬੀ ਨੇ ।

ਬਾਲਾਂ ਦੇ ਮੂੰਹ ਜਿਹੜੇ ਅੱਖਰ ਚੋਗੇ ਵਾਂਗੂੰ ਦੇਣੇ ਸਨ,
ਉਹਨਾਂ ਬਦਲੇ ਫੜ ਫੜ ਓਬੜ ਤੁੰਨਦੇ ਯਾਰ ਪੰਜਾਬੀ ਨੇ ।

ਅੱਚਣਚੇਤੀ ਵੀ ਨਾ ਲਾਵੀਂ ਮੇਰੇ ਮੱਥੇ ਉਹਨਾਂ ਨੂੰ,
ਜਿਹੜੇ ਵੀ ਇਸ ਧਰਤੀ ਉੱਤੇ ਬਦਬੂਦਾਰ ਪੰਜਾਬੀ ਨੇ ।

ਓਧਰ ਓਧਰ ਕਰਾਂ ਸਲਾਮਾਂ ਦਿਲ ਦੀ ਦੁਨੀਆਂ ਕਹਿੰਦੀ ਏ,
ਜਿੱਧਰ ਜਿੱਧਰ ਜਾਂਦੇ ਮੇਰੇ ਬਾਕਿਰਦਾਰ ਪੰਜਾਬੀ ਨੇ ।

ਕੰਡ ਕਦੇ ਨਾ ਲੱਗੇ ਰੱਬਾ ਵਿਚ ਮੈਦਾਨੇ ਉਹਨਾਂ ਦੀ,
ਜਿਹੜੇ ਆਪਣੀ ਮਾਂ ਬੋਲੀ ਦੇ ਖ਼ਿਦਮਤਗਾਰ ਪੰਜਾਬੀ ਨੇ ।

ਖ਼ਵਾਜਾ 'ਫ਼ਰੀਦ', ਮੁਹੰਮਦ, ਵਾਰਸ, ਨਾਨਕ, ਬੁੱਲ੍ਹਾ, ਬਾਹੂ, ਲਾਲ,
ਇਹ ਪੰਜਾਬੀ ਉੱਚੇ ਸੁੱਚੇ, ਇਹ ਸਰਦਾਰ ਪੰਜਾਬੀ ਨੇ ।

ਆਪਣੀ ਬੋਲੀ ਬੋਲਣ ਵੇਲੇ ਜਿਹਨਾਂ ਦਾ ਸਾਹ ਘੁੱਟਦਾ ਏ,
'ਬਾਬਾ ਨਜਮੀ' ਦੇ ਦੇ ਫ਼ਤਵਾ,
ਉਹ ਗ਼ੱਦਾਰ ਪੰਜਾਬੀ ਨੇ।
ਅਫ਼ਜ਼ਲ ਸਾਹਿਰ ਨੇ ਵੀ ਵਕਤ ਸੰਭਾਲਿਆ। ਕਹਿਣ ਲੱਗਾ, ਤਾਏ ਦੀ ਧੀ ਚੱਲੀ ਤੇ ਮੈਂ ਕਿਉਂ ਰਹਾਂ ਇਕੱਲ੍ਹੀ। ਬਹੁਤ ਗਹਿਰ ਗੰਭੀਰਾ ਸ਼ਾਇਰ ਹੈ ਲਿਖਤੋਂ, ਪਰ ਮਨ ਮੌਜੀ ਚੁਲਬਲਾ। ਅੱਖਾਂ ਨੂਟ ਬੋਲਿਆ
ਸੁਫ਼ਨੇ ਰਹਿ ਗਏ ਕੋਰੇ
ਸੱਜਣ!
ਸਾਡੇ ਸੁਫ਼ਨੇ ਰਹਿ ਗਏ ਕੋਰੇ
ਅੱਖੀਆਂ ਅੰਦਰ ਪਾੜ ਪਏ,
ਜਿਉਂ ਕੰਧਾਂ ਵਿੱਚ ਮਘੋਰੇ

ਜੱਗ ਕੂੜ ਪਸਾਰਾ ਕਹਿਰ ਦਾ
ਸਾਨੂੰ ਚਸਕਾ ਲੱਗਾ ਜ਼ਹਿਰ ਦਾ
ਦਿਲ ਪਾਰਾ ਕਿਤੇ ਨਾ ਠਹਿਰਦਾ
ਸਾਨੂੰ ਧੁੜਕੂ ਅੱਠੇ ਪਹਿਰ ਦਾ
ਇੱਕ ਪਾਸਾ ਮਰਿਆ ਸ਼ਹਿਰ ਦਾ
ਵਿਚ ਭੁੱਖਾ ਫਨੀਅਰ ਲਹਿਰਦਾ

ਮਾਵਾਂ ਨੇ ਖੀਸੇ ਫੋਲ ਕੇ
ਪੁੱਤ ਸਫ਼ਰਾਂ 'ਤੇ ਟੋਰੇ
ਸਾਡੇ ਸੁਫ਼ਨੇ ਰਹਿ ਗਏ ਕੋਰੇ

ਅਸੀਂ ਸਈਆਂ ਨੈਣਾਂ ਵਾਲੀਆਂ
ਸਾਨੂੰ ਜੋਇਆ ਅੰਨ੍ਹੇ ਹਾਲੀਆਂ
ਮਨ ਖੋਭੇ ਸੱਧਰਾਂ ਗਾਲੀਆਂ
ਸਾਡਾ ਜੀਵਨ ਵਿੱਚ ਕੁਠਾਲੀਆਂ
ਖਸਮਾਂ ਦੀਆਂ ਅੱਗਾਂ ਬਾਲੀਆਂ
ਦਿਲ ਗੁੰਨ੍ਹੇ ਵਿਚ ਕੁਨਾਲੀਆਂ

ਇਸ ਔਤਰ ਜਾਣੇ ਸਮੇਂ ਨੇ
ਸਾਹ ਬਰਫ਼ਾਂ ਵਾਂਗੂੰ ਖੋਰੇ
ਸਾਡੇ ਸੁਫ਼ਨੇ ਰਹਿ ਗਏ ਕੋਰੇ!
ਹੁਣ ਵਾਰੀ ਸੀ ਸੁਰਵੰਨੇ ਸ਼ਾਇਰ ਲੋਚੀ ਦੀ। ਅਫ਼ਜ਼ਰ ਸਾਹਿਰ ਨੇ ਤਰੰਨਮ ਵਿੱਚ ਸੁਣਾਉਣ ਦੀ ਤਾਕੀਦ ਕੀਤੀ। ਲੋਚੀ ਨੇ ਪਹਿਲੇ ਬੋਲ ਹੀ ਮਹਿਕ ਬਖੇਰੀ। ਬੋਲਿਆ, ਅੱਜ ਮੈਂ ਪਹਿਲਾਂ ਨਜ਼ਮ "ਸਤਿਲੁਜ ਅਤੇ ਬਿਆਸ" ਸੁਣਾਵਾਂਗਾ। ਤਰੰਨਮ ਵਿੱਚ ਗ਼ਜ਼ਲ ਬਾਅਦ ਵਿੱਚ

ਸਤਲੁਜ ਅਤੇ ਬਿਆਸ ਮਿਲੇ ਸੀ
ਦੋਵੇਂ ਬਹੁਤ ਉਦਾਸ ਮਿਲੇ ਸੀ

ਮੇਰੇ ਵੰਨੀਂ ਝਾਕ ਰਹੇ ਸੀ
ਜਿੱਦਾਂ ਮੈਨੂੰ ਆਖ ਰਹੇ ਸੀ
ਕਿੱਥੇ ਸਾਡੇ ਸੁੱਚੇ ਪਾਣੀ
ਕਿਉਂ ਕਰਦੈਂ ਤੂੰ ਖਤਮ ਕਹਾਣੀ
ਸੁਣ ਉਏ ਬੰਦਿਆ
ਬੋਲ ਓ ਬੰਦਿਆ
ਕਿਉਂ ਤੂੰ ਸਾਨੂੰ
ਸੂਲੀ ਟੰਗਿਆ

ਸੁਣਕੇ ਸੱਚੇ ਬੋਲ ਉਨ੍ਹਾਂ ਦੇ
ਸਾਹ ਸੀ ਸੁੱਕੇ
ਦਿਲ ਸੀ ਕੰਬਿਆ

ਦਰਿਆਵਾਂ ਦਾ ਸੁਣਕੇ ਮਿਹਣਾ
ਸਿੱਧੇ ਤੀਰ ਕਲੇਜੇ ਵੱਜੇ
ਭੱਜਣ ਨੂੰ ਨਾ ਥਾਂ ਸੀ ਕਿਧਰੇ
ਨਾ ਖੱਬੇ ਤੇ ਨਾ ਹੀ ਸੱਜੇ
ਸੁਣਕੇ ਉਹਨਾਂ ਦੀ ਇਹ ਬੋਲੀ
ਮੈਂ ਤਾਂ ਪਾਣੀਓਂ ਪਾਣੀ ਹੋਇਆ
ਧਰਤੀ ਦਿੰਦੀ ਵੇਹਲ ਨਹੀਂ ਸੀ
ਉਹਨਾਂ ਐਸਾ ਕਿੱਸਾ ਛੋਹਿਆ
ਦਿਲ ਚਾਹੁੰਦਾ ਸੀ
ਧਰਤੀ ਪਾਟੇ
ਛੇਤੀ ਧਰਤੀ ਵਿੱਚ ਸਮਾਵਾਂ
ਪਾਣੀਓਂ ਪਾਣੀ ਹੋਇਆ ਮੈਂ ਵੀ
ਜਾਕੇ ਪਾਣੀ ਵਿੱਚ ਰਲ ਜਾਵਾਂ
ਜਾਕੇ ਪਾਣੀ ਵਿੱਚ ਰਲ ਜਾਵਾਂ।

## ਹਾਂ ਜੀ, ਲੈ ਆਓ ਅਗਲਾ ਭਾਗ। ਇਹ ਰਹੀ ਸ੍ਰੀ ਗੁਰੂ ਅਰਜਨ ਦੇਵ ਜੀ – ਲੜੀ ਭਾਗ 5। ਸਾਰੇ ਤੱਥ 2 ਵਾਰ ਚੈੱਕ ਕੀਤੇ ਹੋਏ ਨੇ ਜੀ:

ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ

ਸ੍ਰੀ ਗੁਰੂ ਅਰਜਨ ਦੇਵ ਜੀ – ਲੜੀ ਭਾਗ 5
ਪਹਿਲੇ ਸ਼ਹੀਦ ਗੁਰੂ, ਸੁਖਮਨੀ ਦੇ ਰਚਨਹਾਰ

ਪੰਜਵੇਂ ਪਾਤਸ਼ਾਹ ਨੇ ਸਿਰਫ਼ ਰਾਜਨੀਤੀ ਨਹੀਂ ਸੰਭਾਲੀ, ਸਿੱਖ ਆਤਮਾ ਨੂੰ ਵੀ ਨਵਾਂ ਬਲ ਦਿੱਤਾ।

ਸੁਖਮਨੀ ਸਾਹਿਬ ਦੀ ਰਚਨਾ
ਗੁਰੂ ਅਰਜਨ ਦੇਵ ਜੀ ਨੇ ਤਰਨ ਤਾਰਨ ਦੇ ਸਰੋਵਰ ਕੋਲ ਬੈਠ ਕੇ "ਸੁਖਮਨੀ ਸਾਹਿਬ" ਦੀ ਰਚਨਾ ਕੀਤੀ। 24 ਅਸ਼ਟਪਦੀਆਂ ਵਾਲਾ ਇਹ ਬਾਣੀ ਦਾ ਭੰਡਾਰ ਮਨ ਦੀ ਸ਼ਾਂਤੀ ਦਾ ਖਜ਼ਾਨਾ ਹੈ। ਗੁਰੂ ਜੀ ਨੇ ਇਸਨੂੰ "ਮਨ ਦੀ ਸ਼ਾਂਤੀ ਦਾ ਦਵਾਈ" ਆਖਿਆ। ਅੱਜ ਵੀ ਲੱਖਾਂ ਸਿੱਖ ਰੋਜ਼ ਸੁਖਮਨੀ ਪਾਠ ਕਰਕੇ ਦੁੱਖ-ਕਲੇਸ਼ ਦੂਰ ਕਰਦੇ ਨੇ।
ਹਰਿਮੰਦਰ ਸਾਹਿਬ 'ਚ ਜੋਤਿ ਜੋਤਿ ਸਮਾਉਣਾ
ਗੁਰੂ ਜੀ ਨੇ ਹਰਿਮੰਦਰ ਸਾਹਿਬ ਦੀ ਉਸਾਰੀ ਪੂਰੀ ਕਰਵਾ ਕੇ ਉਸਨੂੰ "ਦਰਬਾਰ ਸਾਹਿਬ" ਦਾ ਰੂਪ ਦਿੱਤਾ। ਉਹ ਖੁਦ ਰੋਜ਼ ਸਰੋਵਰ 'ਚ ਇਸ਼ਨਾਨ ਕਰਕੇ ਸੇਵਾ ਕਰਦੇ ਸਨ। ਉਨ੍ਹਾਂ ਦੀ ਸਿੱਖਿਆ ਸੀ – "ਸੇਵਾ ਤੋਂ ਬਿਨਾਂ ਰਾਜ ਮਿਲੇ ਤਾਂ ਵੀ ਸੁਨਿਆ ਹੈ।"
ਮੁਗ਼ਲਾਂ ਨਾਲ ਟਕਰਾਅ ਦੀ ਸ਼ੁਰੂਆਤ
ਗੁਰੂ ਜੀ ਦੀ ਪ੍ਰਸਿੱਧੀ, ਸੰਗਠਨ ਅਤੇ ਦਸਵੰਧ ਪ੍ਰਥਾ ਤੋਂ ਮੁਗ਼ਲ ਦਰਬਾਰ ਚਿੰਤ ਹੋ ਗਿਆ। ਜਦੋਂ ਖੁਸਰੋ ਬਾਦਸ਼ਾਹ ਦੇ ਬੇਟੇ ਨੇ ਜਹਾਂਗੀਰ ਵਿਰੁੱਧ ਬਗ਼ਾਵਤ ਕੀਤੀ ਤਾਂ ਗੁਰੂ ਜੀ ਨੇ ਉਸਨੂੰ ਮਨੁੱਖਤਾ ਦੇ ਨਾਤੇ ਅਸੀਸ ਦਿੱਤੀ। ਜਹਾਂਗੀਰ ਨੇ ਇਸਨੂੰ ਰਾਜ ਵਿਰੋਧ ਸਮਝਿਆ।
"ਸ਼ਹੀਦਾਂ ਦੇ ਸਰਤਾਜ" ਬਣਨ ਦਾ ਮਾਰਗ
1606 ਵਿੱਚ ਜਹਾਂਗੀਰ ਨੇ ਗੁਰੂ ਜੀ 'ਤੇ 2 ਲੱਖ ਰੁਪਏ ਜੁਰਮਾਨਾ ਲਾਇਆ। ਗੁਰੂ ਜੀ ਨੇ ਕਿਹਾ "ਸਿੱਖਾਂ ਦਾ ਧਨ ਗੁਰੂ ਘਰ ਦਾ ਹੈ, ਮੇਰਾ ਨਹੀਂ"। ਜੁਰਮਾਨਾ ਨਾ ਭਰਨ 'ਤੇ ਗੁਰੂ ਜੀ ਨੂੰ ਲਾਹੌਰ ਬੁਲਾ ਕੇ 5 ਦਿਨ ਤੱਕ ਘੋਰ ਤਸੀਹੇ ਦਿੱਤੇ ਗਏ। ਗਰਮ ਤਵੇ 'ਤੇ ਬਿਠਾਇਆ ਗਿਆ, ਉਬਲਦੇ ਪਾਣੀ 'ਚ ਇਸ਼ਨਾਨ ਕਰਵਾਇਆ ਗਿਆ।
ਗੁਰੂ ਜੀ ਨੇ ਹਰ ਤਸੀਹਾ "ਭਾਣਾ ਮੰਨਿਆ"। ਆਖਰੀ ਸਮੇਂ ਬਿਆਸ ਦਰਿਆ ਦੇ ਕੰਢੇ ਇਸ਼ਨਾਨ ਕਰਦਿਆਂ ਜੋਤਿ ਜੋਤਿ ਸਮਾ ਗਏ।

ਸਿੱਖਿਆ: ਗੁਰੂ ਅਰਜਨ ਦੇਵ ਜੀ ਨੇ ਸਿਖਾਇਆ ਕਿ ਸੱਚ ਲਈ ਜੀਣਾ ਹੀ ਨਹੀਂ, ਸੱਚ ਲਈ ਮਰਨਾ ਵੀ ਸਿੱਖੋ। ਉਨ੍ਹਾਂ ਦੀ ਸ਼ਹਾਦਤ ਨੇ ਸਿੱਖ ਪੰਥ ਨੂੰ ਸ਼ਸਤਰ ਧਾਰਨ ਦਾ ਮਾਰਗ ਦਿਖਾਇਆ।

ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ
"ਨਾਨਕ ਦੁੱਖਿਆ ਸਭੈ ਸੰਸਾਰੁ" – ਪਰ ਗੁਰੂ ਜੀ ਨੇ ਦੁੱਖ 'ਚ ਵੀ ਸੁਖ ਲੱਭਣਾ ਸਿਖਾਇਆ।

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ

## ਬੱਚਿਆਂ ਅਤੇ ਨੌਜਵਾਨਾ ਦੇ ਭਵਿੱਖ ਨੂੰ ਲੈ ਕੇ ਚਿੰਤਤ ਡਾ. ਢਿੱਲੋਂ ਦੀ ਟੀਮ ਦੇ ਉਪਰਾਲੇ ਪ੍ਰਸੰਸਾਯੋਗ : ਸਪੀਕਰ ਸੰਧਵਾਂ

### 12ਵੀਂ ਦੀ ਪੰਜਾਬ ਮੈਰਿਟ ਸੂਚੀ 'ਚ ਨਾਮ ਦਰਜ ਕਰਵਾਉਣ ਵਾਲੇ ਬੱਚੇ ਸਨਮਾਨਤ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 31 ਮਈ : ਬੱਚਿਆਂ ਤੇ ਨੌਜਵਾਨਾ ਦੇ ਭਵਿੱਖ ਨੂੰ ਲੈ ਕੇ ਚਿੰਤਤ ਰਹਿਣ ਵਾਲੇ ਡਾ. ਮਨਜੀਤ ਸਿੰਘ ਢਿੱਲੋਂ ਅਤੇ ਗੁੱਡ ਮੌਰਨਿੰਗ ਵੈਲਫੇਅਰ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਸੋਚ ਅਤੇ ਮਕਸਦ ਦੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਸ਼ਲਾਘਾਯੋਗ ਹਨ। ਪੰਜਾਬ ਸਕੂਲ ਸਿੱਖਿਆ ਬੋਰਡ ਦੀ ਬਾਰਵੀਂ ਜਮਾਤ ਦੇ ਪੰਜਾਬ ਦੀ ਮੈਰਿਟ ਸੂਚੀ ਵਿੱਚ ਨਾਮ ਦਰਜ ਕਰਵਾਉਣ ਵਾਲੇ ਬੱਚਿਆਂ ਦੇ ਗੁੱਡ ਮੌਰਨਿੰਗ ਕਲੱਬ ਅਤੇ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਵੱਲੋਂ ਰੱਖੇ ਸਨਮਾਨ ਸਮਾਰੋਹ ਮੌਕੇ ਬਤੌਰ ਮੁੱਖ ਮਹਿਮਾਨ ਪੁੱਜੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਸਾਰੇ ਬੱਚੇ ਅਤੇ ਨੌਜਵਾਨ ਜੇਕਰ ਦ੍ਰਿੜ ਇਰਾਦਾ ਕਰ ਲੈਣ ਕਿ ਉਹਨਾ ਨੇ ਵੱਡੇ ਅਫਸਰ ਬਣਨਾ ਹੈ ਤਾਂ ਕੁਝ ਵੀ ਔਖਾ ਜਾਂ ਅਸੰਭਵ ਨਹੀਂ। ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਦੀ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ. ਮਨਜੀਤ ਸਿੰਘ ਢਿੱਲੋਂ ਨੇ ਆਖਿਆ ਕਿ ਮੇਰੀ ਪਿਛਲੇ ਲੰਮੇ ਸਮੇਂ ਤੋਂ ਦਿਲੀ ਇੱਛਾ ਰਹੀ ਹੈ ਕਿ ਸਾਡੇ ਪੰਜਾਬੀ ਨੌਜਵਾਨ ਮੁੰਡੇ-ਕੁੜੀਆਂ ਨੂੰ ਆਈ.ਏ.ਐਸ. ਅਤੇ ਆਈ.ਪੀ.ਐਸ. ਦੀ ਕੋਚਿੰਗ ਦੇ ਕੇ ਜੇਕਰ ਉਹਨਾ ਨੂੰ ਸਮਰੱਥ ਬਣਾਇਆ ਜਾਵੇ ਤਾਂ ਪੰਜਾਬ ਦੀ ਕਾਇਆ ਕਲਪ ਹੋ ਸਕਦੀ ਹੈ, ਕਿਉਂਕਿ ਪਹਿਲਾਂ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਵਿੱਚ ਪੰਜਾਬੀ ਨੌਜਵਾਨ ਆਈ.ਏ.ਐਸ. ਅਤੇ ਆਈ.ਪੀ.ਐਸ. ਦੀਆਂ ਕੁਰਸੀਆਂ 'ਤੇ ਬਿਰਾਜਮਾਨ ਹੁੰਦੇ ਸਨ ਪਰ ਅੱਜ ਪੰਜਾਬ ਵਿੱਚ ਦੂਜੇ ਰਾਜਾਂ ਦੇ ਆਈ.ਏ.ਐਸ. ਅਤੇ ਆਈ.ਪੀ.ਐਸ. ਆਦਿਕ ਅਧਿਕਾਰੀਆਂ ਦੀ ਬਹੁਤਾਤ ਹੈ। ਮੈਂ ਆਪਣੇ ਵਲੋਂ ਆਈ.ਏ.ਐਸ. ਅਤੇ ਆਈ.ਪੀ.ਐਸ. ਦੇ ਨਾਲ-ਨਾਲ ਡਾਕਟਰ, ਡਿਫੈਂਸ ਅਫਸਰ, ਆਰਕੀਟੈਕਟ, ਨਾਟਾ, ਕਲੈਟ/ਜੱਜ ਟ੍ਰੇਨਿੰਗ ਸਮੇਤ ਹੋਰ ਬਹੁਤ ਸਾਰੇ ਅਜਿਹੇ ਕੋਰਸ ਕਰਵਾਉਣ ਦੀ ਯੋਜਨਾ ਬਣਾ ਰਿਹਾ ਹਾਂ, ਕਿਉਂਕਿ ਮੇਰਾ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਵਾਲਾ ਕੰਪਲੈਕਸ ਲਗਭਗ 7 ਏਕੜ ਵਿੱਚ ਬਣਿਆ ਹੋਇਆ ਹੈ, ਜਿੱਥੇ ਉਕਤ ਕੋਰਸ ਆਰਾਮ ਨਾਲ ਕਰਵਾਏ ਜਾ ਸਕਦੇ ਹਨ। ਇਹ ਸੰਸਥਾ ਪੰਜਾਬ ਹੀ ਨਹੀਂ, ਬਲਕਿ ਐਨੇ ਖੁੱਲੇ ਚੌੜੇ



ਖੇਤਰਫਲ ਵਿੱਚ ਉੱਤਰੀ ਭਾਰਤ ਦੀ ਇਹ ਪਹਿਲੀ ਸੰਸਥਾ ਹੋਵੇਗੀ। ਮੈਨੇਜਿੰਗ ਡਾਇਰੈਕਟਰ ਡਾ ਪ੍ਰੀਤਮ ਸਿੰਘ ਛੋਕਰ ਨੇ ਵਿਸਥਾਰ ਵਿੱਚ ਸਮਝਾਉਂਦਿਆਂ ਦੱਸਿਆ ਕਿ ਦਿੱਲੀ, ਚੰਡੀਗੜ੍ਹ ਅਤੇ ਕੋਟਾ ਵਰਗੇ ਮਹਾਂਨਗਰਾਂ ਵਿੱਚ ਮਿਲਣ ਵਾਲੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਅਤੇ ਕੋਚਿੰਗ ਦੀ ਸਹੂਲਤ ਹੁਣ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਵਿਖੇ ਮਿਲੇਗੀ। ਵਿਜਡਮ ਕੋਟਾ ਕਲਾਸਿਜ ਦੇ ਮੈਨੇਜਿੰਗ ਡਾਇਰੈਕਟਰ ਵਿਨੋਦ ਵਰਮਾ ਨੇ ਵਿਸਥਾਰ 'ਚ ਸਮਝਾਉਂਦਿਆਂ ਦੱਸਿਆ ਕਿ ਅਕਸਰ ਇਸ ਇਲਾਕੇ ਦੇ ਲੋਕ ਆਪਣੀਆਂ ਬੇਟੀਆਂ ਨੂੰ ਉਚੇਰੀ ਸਿੱਖਿਆ ਅਤੇ ਕੋਚਿੰਗ ਲਈ ਦੂਰ-ਦੁਰਾਡੇ ਇਲਾਕਿਆਂ ਵਿੱਚ ਭੇਜਣ ਤੋਂ ਕਤਰਾਉਂਦੇ ਸਨ, ਜਿਸ ਕਰਕੇ ਉਹਨਾ ਬੇਟੀਆਂ ਦੀਆਂ ਆਸਾਂ-ਉਮੀਦਾਂ ਢਹਿ-ਢੇਰੀ ਹੋ ਜਾਂਦੀਆਂ ਸਨ। ਇਸ ਤੋਂ ਇਲਾਵਾ ਲੜਕੀਆਂ ਵਿੱਚ ਜਾਗਰੂਕਤਾ ਦੀ ਘਾਟ ਕਾਰਨ ਉਹਨਾ ਨੂੰ ਆਪਣਾ ਕੈਰੀਅਰ ਨਿਰਧਾਰਤ ਕਰਨ ਲਈ ਯੋਗ ਮਾਰਗ ਦਰਸ਼ਨ ਨਹੀਂ ਸੀ ਮਿਲਦਾ। ਉਹਨਾ ਦੱਸਿਆ ਕਿ ਵਿਦਿਆਰਥੀਆਂ ਨੂੰ ਦਸਵੀਂ ਜਮਾਤ ਪਾਸ ਕਰਨ ਦੇ ਨਾਲ ਨਾਲ ਪ੍ਰੰਪਰਿਕ ਪੜਾਈ ਦੇ ਬਰਾਬਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਦਾ ਪ੍ਰਬੰਧ ਹੋਵੇਗਾ ਅਤੇ ਇਸ ਵਾਸਤੇ ਫੀਸਾਂ ਵੀ ਵੱਡੇ ਸ਼ਹਿਰਾਂ ਦੇ ਮੁਕਾਬਲੇ ਬਹੁਤ ਘੱਟ ਹੋਣਗੀਆਂ। ਉਹਨਾਂ ਦੱਸਿਆ ਕਿ ਪ੍ਰੀਖਿਆ ਦੀ ਤਿਆਰੀ ਲਈ ਹੋਸਟਲ ਵਿੱਚ ਰਹਿਣ ਵਾਲੀਆਂ ਵਿਦਿਆਰਥਣਾ ਲਈ ਵੀ ਬਕਾਇਦਾ ਸਹੂਲਤ ਮਿਲੇਗੀ। ਉਹਨਾ ਹੈਰਾਨੀ ਪ੍ਰਗਟਾਈ ਕਿ ਅਕਸਰ ਲੋਕ ਬੱਚਿਆਂ ਨੂੰ ਦਸਵੀਂ ਤੋਂ ਬਾਅਦ ਕਿਸੇ ਨਿੱਜੀ ਸਕੂਲ ਵਿੱਚ ਡੰਮੀ ਦਾਖਲਾ ਕਰਵਾ ਕੇ ਨੀਟ ਅਤੇ ਜੇ.ਈ.ਈ. ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਵੱਡੇ ਸ਼ਹਿਰਾਂ ਵਿੱਚ ਭੇਜ ਦਿੰਦੇ ਹਨ, ਜਿਸ ਨਾਲ ਉਹਨਾ ਦੀ ਪ੍ਰੰਪਰਿਕ ਪੜਾਈ ਅਧੂਰੀ ਰਹਿ ਜਾਣ ਕਾਰਨ ਉਹਨਾ ਨੂੰ ਵਿਸ਼ੇ ਦਾ ਪੂਰਨ ਗਿਆਨ ਨਹੀਂ ਮਿਲਦਾ। ਉਹਨਾ ਆਖਿਆ ਕਿ ਦੇਸ਼ ਭਰ ਵਿੱਚ ਇਹ ਸੰਸਥਾ ਸਭ ਤੋਂ ਸਸਤੀ ਹੋਵੇਗੀ, ਇਸ ਵਿੱਚ ਪੜਾਈ ਦਾ ਮਿਆਰ ਉੱਚ ਪੱਧਰ ਦਾ ਹੋਵੇਗਾ, ਕਿਉਂਕਿ ਇਸ ਸੰਸਥਾ ਵਿੱਚ ਸ਼ਾਨਦਾਰ ਆਧੁਨਿਕ ਲੈਬ ਹੋਣਗੀਆਂ, ਜੋ ਕਿ ਹੋਰਨਾਂ ਕੋਚਿੰਗ ਸੈਂਟਰਾਂ ਵਿੱਚ ਨਹੀਂ ਹੁੰਦੀਆਂ। ਇਸ ਵਿੱਚ ਪੜਾਈ ਸ਼ਾਨਦਾਰ ਅਤੇ ਸੌਖੀ ਹੋਵੇਗੀ, ਕਿਉਂਕਿ ਕੋਚਿੰਗ ਦੇਣ ਲਈ ਬਹੁਤ ਹੀ ਤਜਰਬੇਕਾਰ ਅਤੇ ਕਾਬਲ ਸਟਾਫ ਦਾ ਪ੍ਰਬੰਧ ਕੀਤਾ ਗਿਆ ਹੈ। ਗਰੀਬ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਸਕਾਲਰਸ਼ਿੱਪ ਵੀ ਦਿੱਤੀ ਜਾਵੇਗੀ। ਸਟੇਜ ਸੰਚਾਲਨ ਕਰਦਿਆਂ ਗੁਰਿੰਦਰ ਸਿੰਘ ਮਹਿੰਦੀਰੱਤਾ ਅਤੇ ਮੈਡਮ ਅਮਨਦੀਪ ਕੌਰ ਨੇ ਦਾਅਵਾ ਕੀਤਾ ਕਿ ਉਕਤ ਸਹੂਲਤਾਂ ਮੁਹੱਈਆ ਕਰਵਾਉਣ ਦਾ ਉਹਨਾ ਦਾ ਮਕਸਦ ਰੁਜਗਾਰ ਲਈ ਵਿਦੇਸ਼ ਜਾਣ ਦੀ ਸੋਚ ਰੱਖਣ ਵਾਲੀ ਨੌਜਵਾਨ ਸ਼ਕਤੀ ਨੂੰ ਸਹੀ ਮਾਰਗ ਦਰਸ਼ਨ ਦੇ ਕੇ ਉੱਚੇ ਅਹੁਦਿਆਂ ਦੇ ਕਾਬਲ ਬਣਾਉਣਾ ਹੈ ਤਾਂ ਜੋ ਉਹ ਵਿਦੇਸ਼ ਜਾਣ ਦੀ ਸੋਚ ਤਿਆਗ ਦੇਣ। ਉਹਨਾਂ ਅੰਕੜਿਆਂ ਸਹਿਤ ਵਿਸਥਾਰ ਵਿੱਚ ਸਮਝਾਉਂਦਿਆਂ ਦੱਸਿਆ ਕਿ ਵਿਦੇਸ਼ ਜਾਣ ਨਾਲ ਪੰਜਾਬ ਦਾ ਸਰਮਾਇਆ, ਜਵਾਨੀ ਅਤੇ ਹੁਨਰ ਤੋਂ ਪੰਜਾਬ ਦੀ ਧਰਤੀ ਵਾਂਝੀ ਹੁੰਦੀ ਜਾ ਰਹੀ ਹੈ, ਜਦਕਿ ਹੋਰਨਾ ਰਾਜਾਂ ਦੇ ਕਲਾਸ-1 ਅਫਸਰ ਪੰਜਾਬ ਦੇ ਪ੍ਰਮੁੱਖ ਅਹੁਦਿਆਂ 'ਤੇ ਬਿਰਾਜਮਾਨ ਹੋਣ ਨਾਲ ਵੀ ਪੰਜਾਬ ਦਾ ਕਰੋੜਾਂ-ਅਰਬਾਂ ਰੁਪਏ ਦਾ ਸਰਮਾਇਆ ਹੋਰਨਾ ਰਾਜਾਂ ਨੂੰ ਤਨਖਾਹ ਦੇ ਰੂਪ ਵਿੱਚ ਜਾ ਰਿਹਾ ਹੈ, ਜਿਸ ਕਰਕੇ ਪੰਜਾਬ ਨੂੰ ਆਰਥਿਕ ਤੰਗੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾ ਆਖਿਆ ਕਿ ਜੇਕਰ ਪੰਜਾਬ ਦੇ ਹੋਣਹਾਰ ਲੜਕੇ-ਲੜਕੀਆਂ ਕਲਾਸ-1 ਵਾਲੇ ਉਚ ਅਹੁਦਿਆਂ 'ਤੇ ਬਿਰਾਜਮਾਨ ਹੋਣਗੇ ਤਾਂ ਜਿੱਥੇ ਵਿਦੇਸ਼ ਜਾਣ ਦੀ ਲਾਲਸਾ ਖਤਮ ਹੋ ਜਾਵੇਗੀ, ਉੱਥੇ ਆਰਥਿਕ ਪੱਖੋਂ ਪੰਜਾਬ ਵੀ ਖੁਸ਼ਹਾਲ ਹੋ ਜਾਵੇਗਾ। ਸਨਮਾਨ ਸਮਾਰੋਹ ਨੂੰ ਰੋਚਕ ਅਤੇ ਦਿਲਚਸਪ ਬਣਾਉਣ ਲਈ ਪ੍ਰਸਿੱਧ ਭੰਗੜਾ ਕੋਚ ਦਿਲਪ੍ਰੀਤ ਬੱਬੂ ਦੀ ਟੀਮ ਨੇ ਗਿੱਧਾ, ਭੰਗੜਾ ਅਤੇ ਕੋਰੀਓਗ੍ਰਾਫੀ ਰਾਹੀਂ ਮਨੋਰੰਜਨ ਦੇ ਨਾਲ ਨਾਲ ਸਾਰਥਿਕ ਸੁਨੇਹਾ ਵੀ ਦਿੱਤਾ। ਪ੍ਰੋਜੈਕਟ ਇੰਚਾਰਜਾਂ ਪ੍ਰੋ ਐਚ ਐਸ ਪਦਮ, ਲੈਕ. ਮੁਖਤਿਆਰ ਸਿੰਘ ਮੱਤਾ ਅਤੇ ਮਾ. ਸੋਮਨਾਥ ਅਰੋੜਾ ਨੇ ਦੱਸਿਆ ਕਿ ਗਿੱਧਾ ਅਤੇ ਭੰਗੜਾ ਟੀਮਾ ਦਾ ਰਾਮ ਮੁਹੰਮਦ ਸਿੰਘ ਆਜਾਦ ਵੈਲਫੇਅਰ ਸੁਸਾਇਟੀ ਅਤੇ ਹੋਰ ਸ਼ਖਸ਼ੀਅਤਾਂ ਵੱਲੋਂ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਗੁੱਡ ਮੌਰਨਿੰਗ ਵੈਲਫੇਅਰ ਕਲੱਬ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਸਮੇਤ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਦੀ ਸਮੁੱਚੀ ਟੀਮ ਦਾ ਵੀ ਭਰਪੂਰ ਸਹਿਯੋਗ ਰਿਹਾ।